# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :02-01-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਕਿਸਾਨਾਂ ਦੀ ਆਮਦਨ ਵਧਾਉਣਾ ਕੇਂਦਰ ਸਰਕਾਰ ਦੀ ਇੱਕ ਮੁੱਖ ਤਰਜੀਹ ਏ।
- ਪੰਜਾਬ ਸਰਕਾਰ ਨੇ 10 ਲੱਖ ਰੁਪਏ ਦੀ ਨਕਦੀ ਰਹਿਤ ਸਿਹਤ ਬੀਮਾ ਯੋਜਨਾ ਲਈ, ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਨਾਲ ਸਮਝੌਤਾ ਸਹੀਬੱਧ ਕੀਤਾ I
- ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਦੇ ਉਪ-ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਕਿਹਾ -ਪੰਜਾਬ ਸਰਕਾਰ ਪਿਛਲੇ ਤਿੰਨ ਸਾਲਾਂ ਵਿੱਚ ਮੌਜੂਦਾ ਮਨਰੇਗਾ ਕਾਨੂੰਨ ਤਹਿਤ ਮਜ਼ਦੂਰਾਂ ਨੂੰ 100 ਦਿਨ ਦਾ ਰੁਜ਼ਗਾਰ ਦੇਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਏ।

- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ।

ਅਤੇ

- ਸੂ੍ਰਦ ਮਾਰਾਇਨ ਨੂੰ ਭਾਰਤੀ ਮਹਿਲਾ ਹਾਕੀ ਟੀਮ ਦਾ ਕੋਚ ਨਿਯੁਕਤ ਕੀਤਾ ਗਿਆ ।

--------------------------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਕਿਸਾਨਾਂ ਦੀ ਆਮਦਨ ਵਧਾਉਣਾ ਕੇਂਦਰ ਸਰਕਾਰ ਦੀ ਇੱਕ ਮੁੱਖ ਤਰਜੀਹ ਏ । ਸ਼੍ਰੀ ਚੌਹਾਨ ਨੇ ਨਾਸਿਕ ਵਿੱਚ ਕਿਹਾ ਕਿ ਕਿਸਾਨਾਂ ਦੀ ਭਲਾਈ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਨੇ । ਉਨ੍ਹਾਂ ਭਰੋਸਾ ਦਿੱਤਾ ਕਿ ਖੇਤੀਬਾੜੀ ਖੇਤਰ ਨੂੰ ਮਜ਼ਬੂਤ ਕਰਨ ਲਈ ਸਾਰੇ ਜ਼ਰੂਰੀ ਯਤਨ ਜਾਰੀ ਰਹਿਣਗੇ।

--------------------------------------------------------------------------------

ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਦੇ ਉਪ-ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਪੰਜਾਬ ਸਰਕਾਰ ਪਿਛਲੇ ਤਿੰਨ ਸਾਲਾਂ ਵਿੱਚ ਮੌਜੂਦਾ ਮਨਰੇਗਾ ਕਾਨੂੰਨ ਤਹਿਤ ਮਜ਼ਦੂਰਾਂ ਨੂੰ 100 ਦਿਨ ਦਾ ਰੁਜ਼ਗਾਰ ਦੇਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਏ, ਪਰ ਮੁੱਖ ਮੰਤਰੀ ਇਸ ਗੰਭੀਰ ਅਸਫਲਤਾ 'ਤੇ ਪੂਰੀ ਤਰ੍ਹਾਂ ਚੁੱਪ ਨੇ । ਅੱਜ ਬਠਿੰਡਾ ਵਿਖੇ

ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਓਹਨਾ ਕਿਹਾ ਕਿ ਮਨਰੇਗਾ ਕਾਨੂੰਨ ਅਨੁਸਾਰ, ਸੂਬਾ ਸਰਕਾਰ ਲਈ ਮਜ਼ਦੂਰ ਵੱਲੋਂ ਮੰਗੇ ਜਾਣ 'ਤੇ 15 ਦਿਨਾਂ ਦੇ ਅੰਦਰ ਕੰਮ ਦੇਣਾ ਲਾਜ਼ਮੀ ਏ। ਜੇਕਰ ਕੰਮ ਨਹੀਂ ਮਿਲਦਾ ਤਾਂ ਬੇਰੁਜ਼ਗਾਰੀ ਭੱਤਾ ਦੇਣਾ ਪੈਂਦਾ ਏ, ਪਰ ਪੰਜਾਬ ਸਰਕਾਰ ਨਾ ਤਾਂ ਸਮੇਂ ਸਿਰ ਕੰਮ ਦਿੰਦੀ ਹੈ ਅਤੇ ਨਾ ਹੀ ਬੇਰੁਜ਼ਗਾਰੀ ਭੱਤਾ ਦਿੰਦੀ ਏ। ਸ੍ਰੀ ਕੈਂਥ ਨੇ ਇਲਜ਼ਾਮ ਲਗਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਐਕਟ (ਮਨਰੇਗਾ) ਤਹਿਤ ਫੰਡਾਂ ਦੀ ਦੁਰਵਰਤੋਂ ਅਤੇ ਗਬਨ ਨਾਲ ਸਬੰਧਤ ਵੱਖ-ਵੱਖ ਘੁਟਾਲਿਆਂ ਵਿੱਚ ਕਥਿਤ ਬੇਨਿਯਮੀਆਂ ਦੀ ਉੱਚ ਪੱਧਰੀ ਜਾਂਚ ਦੇ ਹੁਕਮ ਨਹੀਂ ਦਿੱਤੇ। ਧੋਖਾਧੜੀ ਵਾਲੇ ਤਰੀਕਿਆਂ ਵਿੱਚ ਜਾਅਲੀ ਜੌਬ ਕਾਰਡ ਬਣਾਉਣਾ, ਜਾਅਲੀ ਅਦਾਇਗੀ ਰਸੀਦਾਂ ਤਿਆਰ ਕਰਨਾ, ਸੜਕ ਨਿਰਮਾਣ ਜਾਂ ਸਮੱਗਰੀ ਸਪਲਾਈ ਵਰਗਾ ਉਹ ਕੰਮ ਦਿਖਾਉਣਾ ਸ਼ਾਮਲ ਏ ਜੋ ਕਦੇ ਪੂਰਾ ਨਹੀਂ ਹੋਇਆ ਅਤੇ ਅਯੋਗ ਜਾਂ ਮ੍ਰਿਤਕ ਲੋਕਾਂ ਨੂੰ ਲਾਭਪਾਤਰੀਆਂ ਵਜੋਂ ਸੂਚੀਬੱਧ ਕਰਨਾ ਸ਼ਾਮਿਲ ਏ ।

BYTE:RNU020125

ਉਹਨਾਂ ਕਿਹਾ ਕਿ "ਵਿਕਸਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ (ਪੇਂਡੂ) ਐਕਟ 2025 ਵਿਕਸਿਤ ਭਾਰਤ ਜੀ ਰਾਮ ਜੀ ਅਧੀਨ, ਪੇਂਡੂ ਮਜ਼ਦੂਰਾਂ ਨੂੰ ਹੁਣ 100 ਦਿਨਾਂ ਦੀ ਬਜਾਏ 125 ਦਿਨ ਦਾ ਰੁਜ਼ਗਾਰ

ਮਿਲੇਗਾ, ਅਤੇ ਸਮੇਂ ਸਿਰ ਕੰਮ ਨਾ ਮਿਲਣ 'ਤੇ ਬੇਰੁਜ਼ਗਾਰੀ ਭੱਤੇ ਦੀ ਵਿਵਸਥਾ ਪਹਿਲਾਂ ਵਾਂਗ ਹੀ ਰਹੇਗੀ। ਓਹਨਾ ਸਵਾਲ ਕੀਤਾ ਕਿ ਮੁੱਖ ਮੰਤਰੀ ਭਗਵੰਤ ਮਾਨ ਮਜ਼ਦੂਰਾਂ ਦੇ ਹਿੱਤ ਵਾਲੇ ਕਾਨੂੰਨ ਦਾ ਵਿਰੋਧ ਕਿਉਂ ਕਰ ਰਹੇ ਹਨ। ਉਹਨਾਂ ਕਿਹਾ ਕਿ ਇਸ ਯੋਜਨਾ ਵਿਚ ਅੰਦਾਜ਼ਨ 12 ਕਰੋੜ 60 ਲੱਖ ਕਾਮਿਆਂ ਵਿੱਚੋਂ ਅੱਧੇ ਤੋਂ ਵੱਧ ਔਰਤਾਂ ਨੇ , ਅਤੇ ਲਗਭਗ 40 ਫੀਸਦੀ ਅਨੁਸੂਚਿਤ ਜਾਤੀਆਂ ਜਾਂ ਅਨੁਸੂਚਿਤ ਜਨਜਾਤੀਆਂ ਨਾਲ ਸਬੰਧਤ ਨੇ । ਓਧਰ ਲੁਧਿਆਣਾ ਵਿਚ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ IAS ਅਧਿਕਾਰੀ ਸ੍ਰੀ ਐਸ. ਆਰ. ਲੱਧੜ ਅਤੇ BJP ਦੇ ਜਿਲਾ ਪ੍ਰਧਾਨ ਰਜਨੀਸ਼ ਧੀਮਾਨ ਨੇ ਅੱਜ ਆਮ ਆਦਮੀ ਪਾਰਟੀ ਅਤੇ ਕਾਂਗਰਸ ਵੱਲੋਂ G RAM G ਯੋਜਨਾ ਖ਼ਿਲਾਫ਼ ਕੀਤੇ ਜਾ ਰਹੇ ਵਿਰੋਧ ‘ਤੇ ਸਵਾਲ ਉਠਾਉਂਦਿਆਂ ਇਸਨੂੰ ਰਾਜਨੀਤਿਕ ਤੌਰ ‘ਤੇ ਪ੍ਰੇਰਿਤ ਅਤੇ ਨੈਤਿਕ ਤੌਰ ‘ਤੇ ਖੋਖਲਾ ਕਰਾਰ ਦਿੱਤਾ। ਸ੍ਰੀ ਲੱਧੜ ਨੇ ਕਿਹਾ ਕਿ ਪੰਜਾਬ ਸਰਕਾਰ ਇਹ ਸਮਝਣ ਨੂੰ ਵੀ ਤਿਆਰ ਨਹੀਂ ਕਿ ਭਾਰਤੀ ਸੰਸਦ ਵੱਲੋਂ ਪਾਸ ਕੀਤੇ ਕਿਸੇ ਕੇਂਦਰੀ ਕਾਨੂੰਨ ਦੇ ਖ਼ਿਲਾਫ਼ ਕੋਈ ਵੀ ਵਿਧਾਨ ਸਭਾ ਮਤਾ ਪਾਸ ਨਹੀਂ ਕਰ ਸਕਦੀ। ਇਹੋ ਜਿਹੇ ਮਤੇ ਦਾ ਕੋਈ ਸੰਵਿਧਾਨਕ ਜਾਂ ਕਾਨੂੰਨੀ ਮਹੱਤਵ ਨਹੀਂ ਹੁੰਦਾ ।

-------------------------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਨਾਲ ਸਮਝੌਤਾ ਸਹੀਬੱਧ ਕੀਤਾ ਗਿਆ, ਜਿਸ ਤਹਿਤ ਪੰਜਾਬ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਸਿਹਤ ਬੀਮਾ ਪ੍ਰਦਾਨ ਕੀਤਾ ਜਾਵੇਗਾ।ਇਹ ਸਮਝੌਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜਨਵਰੀ 2026 ਵਿੱਚ ਇਸ ਯੋਜਨਾ ਨੂੰ ਸ਼ੁਰੂ ਕਰਨ ਦੇ ਹਾਲ ਹੀ ਵਿੱਚ ਕੀਤੇ ਐਲਾਨ ਤੋਂ ਬਾਅਦ ਅਮਲ ਵਿੱਚ ਲਿਆਂਦਾ ਗਿਆ ਏ ਤਾਂ ਜੋ ਪੰਜਾਬ ਦੇ ਹਰੇਕ ਪਰਿਵਾਰ ਲਈ ਸਿਹਤ ਸੇਵਾਵਾਂ ਅਤੇ ਵਿੱਤੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਸਮਝੌਤੇ 'ਤੇ ਰਾਜ ਸਿਹਤ ਏਜੰਸੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਸੰਯਮ ਅਗਰਵਾਲ ਅਤੇ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਦੇ ਕਾਰਜਕਾਰੀ ਡਾਇਰੈਕਟਰ ਮੈਥਿਊ ਜਾਰਜ ਨੇ ਦਸਤਖਤ ਕੀਤੇ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪਹਿਲਾਂ ਪ੍ਰਦਾਨ ਕੀਤੇ ਜਾ ਰਹੇ 5 ਲੱਖ ਰੁਪਏ ਦੇ ਸਿਹਤ ਕਵਰੇਜ, ਜੋ ਕੁਝ ਖਾਸ ਸ਼੍ਰੇਣੀਆਂ ਤੱਕ ਹੀ ਸੀਮਿਤ ਨੂੰ, ਦੁੱਗਣਾ ਕਰ ਦਿੱਤਾ ਗਿਆ ਏ । ਇਸ ਲਈ ਨਵੀਂ ਯੋਜਨਾ ਦਾ ਉਦੇਸ਼ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਸਮੇਤ ਪੰਜਾਬ ਦੇ ਸਾਰੇ ਨਿਵਾਸੀਆਂ ਨੂੰ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਨਕਦੀ ਰਹਿਤ ਇਲਾਜ ਪ੍ਰਦਾਨ ਕਰਨਾ ਏ । ਉਨ੍ਹਾਂ ਕਿਹਾ ਕਿ ਪ੍ਰਕਿਰਿਆ ਨੂੰ

ਸੁਚਾਰੂ ਬਣਾਉਣ ਲਈ ਜਲਦੀ ਹੀ ਇੱਕ ਹੈਲਪਲਾਈਨ ਵੀ ਸ਼ੁਰੂ ਕੀਤੀ ਜਾਵੇਗੀ।

---------------------------------------------------------------------------

ਸਾਲ 2025 ਨੂੰ ਭਾਰਤ ਦੀ ਵਿਕਾਸ ਯਾਤਰਾ ਦੇ ਇੱਕ ਫੈਸਲਾਕੁੰਨ ਅਧਿਆਇ ਵਜੋਂ ਯਾਦ ਰੱਖਿਆ ਜਾਵੇਗਾ । ਇਸ ਸਾਲ, ਨੀਤੀਆਂ ਨੂੰ ਤਰੱਕੀ ਵਿੱਚ ਬਦਲਿਆ ਗਿਆ ਤੇ ਇਰਾਦਿਆਂ ਨੂੰ ਸਾਕਾਰ ਰੂਪ ਦਿੱਤਾ ਗਿਆ। "ਸੁਧਾਰਾਂ ਦਾ ਸਾਲ" ਵਿਸ਼ੇਸ਼ ਲੜੀ ਵਿੱਚ, ਅੱਜ ਪੇਸ਼ ਏ 2025 ’ਚ ਤ੍ਕਨੋਲ੍ਜੀ ਦੇ ਖੇਤਰ ‘ਚ ਦੇਸ਼ ਦੀ ਤਰੱਕੀ ਬਾਰੇ ਇੱਕ ਰਿਪੋਰਟ -
RNU020126
v / c
ਭਾਰਤ ਨੇ ਸਾਲ 2025 ਵਿੱਚ ਆਪਣੀ ਵਿਗਿਆਨਕ ਅਤੇ ਤਕਨੀਕੀ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੋੜ ਪ੍ਰਾਪਤ ਕੀਤਾ। ਇਸ ਸਾਲ, ਆਰਟੀਫੀਸ਼ੀਅਲ ਇੰਟੈਲੀਜੈਂਸ (AI) ਵਿੱਚ ਵੱਡੀ ਤਰੱਕੀ ਕੀਤੀ ਗਈ. ਇੰਡੀਆ AI ਮਿਸ਼ਨ ਤਹਿਤ, ਸਰਕਾਰ ਨੇ ਨੈਤਿਕ, ਤੇ ਮਨੁੱਖੀ-ਕੇਂਦ੍ਰਿਤ AI ਪ੍ਰਣਾਲੀਆਂ ਨੂੰ ਵਿਕਸਤ ਕਰਨ ਲਈ 10 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਪੂੰਜੀਕਾਰੀ ਕੀਤੀ. ਹਾਲ ਹੀ ਵਿੱਚ, ਭਾਰਤ ਸਟੈਨਫੋਰਡ ਯੂਨੀਵਰਸਿਟੀ ਦੀ 2025 ਗਲੋਬਲ AI ਵਾਈਬ੍ਰੈਂਸੀ ਰੈਂਕਿੰਗ ਵਿੱਚ ਤੀਜੇ ਸਥਾਨ 'ਤੇ ਪਹੁੰਚ ਗਿਆ ਏ. 2025 ਵਿੱਚ ਸੈਮੀਕੰਡਕਟਰ ਅਤੇ ਅਤਿ –

ਆਧੁਨਿਕ ਨਿਰਮਾਣ ਵਿੱਚ ਵੀ ਅਹਿਮ ਤਰੱਕੀ ਦੇਖੀ ਗਈ। ਪਿਛਲੇ ਸਾਲ, ਨੋਇਡਾ ਅਤੇ ਬੰਗਲੁਰੂ ਵਿੱਚ 3-ਨੈਨੋਮੀਟਰ ਚਿੱਪ ਡਿਜ਼ਾਈਨ ਲਈ ਦੋ ਕੇਂਦਰ ਲਾਂਚ ਕੀਤੇ ਗਏ. ਇਸੇ ਤਰ੍ਹਾਂ, ਪਿਛਲੇ ਸਾਲ ਸਤੰਬਰ ਵਿੱਚ, ਦੇਸ਼ ਦੀ ਪਹਿਲੀ ਸਵਦੇਸ਼ੀ ਤੌਰ 'ਤੇ ਵਿਕਸਤ 32-ਬਿੱਟ ਚਿੱਪ, ਵਿਕਰਮ, ਸੈਮੀਕੋਨ ਇੰਡੀਆ 2025 ਕਾਨਫਰੰਸ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਪੇਸ਼ ਕੀਤੀ ਗਈ ਸੀ। ਇਸ ਸਾਲ ਪੁਲਾੜ ਅਤੇ ਰਣਨੀਤਕ ਤਕਨਾਲੋਜੀਆਂ ਵਿੱਚ ਵੀ ਵੱਡੀਆਂ ਪ੍ਰਾਪਤੀਆਂ ਦੇਖਣ ਨੂੰ ਮਿਲੀਆਂ। ਦੁਨੀਆ ਦੇ ਸਭ ਤੋਂ ਆਧੁਨਿਕ, ਧਰਤੀ ਨਿਰੀਖਣ ਰਾਡਾਰ ਸੈਟੇਲਾਈਟ, NISAR ਦਾ ਸਫਲ ਲਾਂਚ, ਭਾਰਤ ਅਤੇ ਅਮਰੀਕਾ ਵਿਚਕਾਰ ਇੱਕ ਦਰਮਿਆਨ ਸਹਿਯੋਗ ਸੀ। ਪਿਛਲੇ ਮਹੀਨੇ, ਪ੍ਰਧਾਨ ਮੰਤਰੀ ਮੋਦੀ ਨੇ ਹੈਦਰਾਬਾਦ ਵਿੱਚ ਸਕਾਈਰੂਟ ਏਅਰੋਸਪੇਸ ਦੇ ਨਵੇਂ ਇਨਫਿਨਿਟੀ ਕੈਂਪਸ ਦਾ ਉਦਘਾਟਨ ਵੀ ਕੀਤਾ ਅਤੇ ਕੰਪਨੀ ਦੇ ਪਹਿਲੇ ਆਰਬਿਟਰ ਰਾਕੇਟ, ਵਿਕਰਮ-1 ਦਾ ਉਦਘਾਟਨ ਕੀਤਾ।

(बाइट–प्रधानमंत्री–

ਪਰਮਾਣੂ ਊਰਜਾ ਬਿਲ, ਜਿਸਨੂੰ ਸ਼ਾਂਤੀ ਦੇ ਨਾਂ ਨਾਲ ਜਾਣਿਆ ਜਾਂਦਾ ਏ, ਨੂੰ 2025 ਵਿੱਚ ਮਨਜ਼ੂਰ ਕੀਤਾ ਗਿਆ. ਇਸ ਕਦਮ ਨੇ ਪਹਿਲੀ ਵਾਰ ਖੇਤਰ ਵਿੱਚ ਨਿੱਜੀ ਭਾਈਵਾਲੀ ਲਈ ਰਾਹ ਖੋਲ੍ਹਿਆ। ਕੁੱਲ ਮਿਲਾ ਕੇ,

ਇਹਨਾਂ ਵਿਕਾਸ ਕਾਰਜਾਂ ਨੇ 2025 ਨੂੰ ਤਕਨੀਕੀ ਸਵੈ-ਨਿਰਭਰਤਾ ਦੇ ਸਾਲ ਵਜੋਂ ਨੁਹਾਰ ਦਿੱਤੀ. ਅਮਨ ਦੇਵ

---------------------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਨੇ ਮੁਹਾਲੀ ਜ਼ਿਲ੍ਹਾ ਪ੍ਰਸ਼ਾਸਨ ਲਈ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਨੂੰ ਪ੍ਰਭਾਵਸ਼ਾਲੀ ਅਤੇ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਨੂੰ ਮਜ਼ਬੂਤ ਕਰਨ ਲਈ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਨੇ। ਉਨ੍ਹਾਂ ਕਿਹਾ ਕਿ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਸਮਾਜ ਦੇ ਗਰੀਬਾਂ, ਕਮਜ਼ੋਰ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦਾ ਕਾਨੂੰਨੀ ਅਧਿਕਾਰ ਏ ਅਤੇ ਇਸਨੂੰ ਪੂਰੀ ਭਾਵਨਾ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾਣਾ ਚਾਹੀਦਾ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਵੇਂ ਸਾਲ ਵਿੱਚ, ਸਾਰੇ ਯੋਗ ਲਾਭਪਾਤਰੀਆਂ ਨੂੰ ਭੋਜਨ ਸੁਰੱਖਿਆ ਫਾਇਦਿਆਂ ਦੀ ਸਮੇਂ ਸਿਰ ਪਹੁੰਚ ਯਕੀਨੀ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਏ । ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਦੇ ਉਪਬੰਧਾਂ ਨੂੰ ਜ਼ਿਲ੍ਹਾ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਯੋਗ ਲਾਭਪਾਤਰੀਆਂ ਦੀ ਸਹੀ ਪਛਾਣ ਯਕੀਨੀ ਬਣਾਈ ਜਾਣੀ ਚਾਹੀਦੀ ਏ , ਜਿਸ ਨਾਲ ਕੋਈ ਵੀ ਯੋਗ ਪਰਿਵਾਰ ਬਾਹਰ ਨਾ ਰਹੇ। ਇਸੇ ਤਰਾਂ ਸ਼ਿਕਾਇਤਾਂ ਦਾ ਨਿਪਟਾਰਾ ਨਿਰਧਾਰਤ ਸਮਾਂ-ਹੱਦ ਦੇ ਅੰਦਰ ਕੀਤਾ ਜਾਣਾ ਚਾਹੀਦਾ ਏ ।

--------------------------------------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਜਾਰੀ ਐਕਸ਼ਨ ਹੈਲਪਲਾਈਨ ’ਤੇ ਪ੍ਰਾਪਤ 774 ਸ਼ਿਕਾਇਤਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਨਿਪਟਾਰਾ ਕਰਕੇ ਨਾਗਰਿਕਾਂ ਨੂੰ ਰਾਹਤ ਪ੍ਰਦਾਨ ਕੀਤੀ ਗਈ ਏ । ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਐਕਸ਼ਨ ਹੈਲਪਲਾਈਨ ’ਤੇ ਆਉਣ ਵਾਲੀਆਂ ਸ਼ਿਕਾਇਤਾਂ ਦੇ ਨਿਪਟਾਰੇ ਸਬੰਧੀ ਅੱਜ ਇਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਬੰਧਤ ਅਧਿਕਾਰੀਆਂ ਦੇ ਯਤਨਾਂ ’ਤੇ ਤਸੱਲੀ ਪ੍ਰਗਟਾਈ । ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖਾਲੀ ਪਲਾਟਾਂ ਦੀ ਸਾਫ-ਸਫਾਈ ਸਬੰਧੀ ਐਕਸ਼ਨ ਹੈਲਪਲਾਈਨ ਵਟਸਐਪ ਨੰਬਰ 96462-22555 ’ਤੇ ਪ੍ਰਾਪਤ 473 ਸ਼ਿਕਾਇਤਾਂ ਦਾ ਹੁਣ ਤੱਕ ਸਫ਼ਲਤਾਪੂਰਵਕ ਹੱਲ ਕੀਤਾ ਗਿਆ ਏ । ਜਦਕਿ ਪਲਾਟਾਂ ਦੀ ਸਾਫ਼-ਸਫਾਈ ਨਾ ਕਰਵਾਉਣ ਵਾਲੇ ਮਾਲਕਾਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਉਂਦਿਆਂ 204 ਪਲਾਟ ਮਾਲਕਾਂ ਨੂੰ ਨੋਟਿਸ ਜਾਰੀ ਕੀਤੇ ਗਏ ਹਨ ਅਤੇ 23 ਮਾਮਲਿਆਂ ਵਿੱਚ ਰੈੱਡ ਐਂਟਰੀ ਲਈ ਸਿਫਾਰਿਸ਼ ਕੀਤੀ ਗਈ ਏ । ਡਾ. ਅਗਰਵਾਲ ਨੇ ਦੱਸਿਆ ਕਿ ਸਫਾਈ ਪਸੰਦ ਵਿਅਕਤੀਆਂ ਵੱਲੋਂ ਪਲਾਟਾਂ ਦੀ ਸਫਾਈ ਕਰਵਾਉਣ ਤੋਂ ਇਲਾਵਾ ਚਾਰਦਿਵਾਰੀਆਂ ਵੀ ਕੀਤੀਆਂ ਜਾ ਰਹੀਆਂ ਨੇ । ਉਨ੍ਹਾਂ ਹੋਰਨਾਂ ਪਲਾਟ ਮਾਲਕਾਂ ਨੂੰ ਵੀ ਆਪਣੇ

ਖਾਲੀ ਪਏ ਪਲਾਟਾਂ ਦੀ ਸਫਾਈ ਅਤੇ ਚਾਰਦਿਵਾਰੀ ਕਰਵਾਉਣ ਦੇ ਨਿਰਦੇਸ਼ ਦਿੱਤੇ, ਤਾਂ ਜੋ ਕੂੜੇ ਦੀ ਗੈਰ-ਕਾਨੂੰਨੀ ਡੰਪਿੰਗ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਵਿਭਾਗ ਵੱਲੋਂ ਸਫਾਈ ਕਰਵਾਈ ਜਾਵੇਗੀ, ਜਿਸਦਾ ਖਰਚਾ ਜੁਰਮਾਨੇ ਵਜੋਂ ਪਲਾਟ ਮਾਲਕ ਤੋਂ ਵਸੂਲ ਕੀਤਾ ਜਾਵੇਗਾ।

---------------------------------------------------------------------------------

ਗੁਰਦਾਸਪੁਰ ਦੀ ਕੇਂਦਰੀ ਜੇਲ ਵਿੱਚ ਕੈਦੀਆ ਦੇ ਦੋ ਗੁੱਟਾਂ ਦਰਮਿਆਨ ਅੱਜ ਝੜਪ ਹੋ ਗਈ। ਇਸਦੇ ਮੱਦੇਨਜ਼ਰ ਜੇਲ ਅੰਦਰ ਭਾਰੀ ਪੁਲਿਸ ਬੱਲ ਕੀਤਾ ਗਿਆ। ਮੌਕੇ 'ਤੇ ਪਹੁੰਚੇ ਐਸ.ਐਸ.ਪੀ ਅਦਿੱਤਿਆ ਨੇ ਦਸਿਆ ਕਿ ਪੁਲਿਸ ਬਲ ਤਾਇਨਾਤ ਕਰਕੇ ਹੰਗਾਮਾ ਕਰਨ ਵਾਲੇ ਕੈਦੀਆਂ ਨੂੰ ਵੱਖ ਵੱਖ ਬੈਰਕਾਂ ਵਿੱਚ ਬੰਦ ਕਰ ਦਿੱਤਾ ਗਿਆ ਏ ਅਤੇ ਹੁਣ ਸਥਿਤੀ ਬਿਲਕੁਲ ਕਾਬੂ ਵਿੱਚ ਏ। ਬਾਈਟ...

---------------------------------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਪਸ਼ੂ ਪਾਲਣ ਵਿਭਾਗ ਵੱਲੋਂ ਅੱਜ ਪਿੰਡ ਚੰਨੂੰ ਵਿਖੇ ਕਿਸਾਨ ਕ੍ਰੈਡਿਟ ਕਾਰਡ ਯੋਜਨਾ ਤਹਿਤ ਪਸ਼ੂ ਭਲਾਈ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ। ਲੀਡ ਡਿਸਟ੍ਰਿਕਟ ਮੈਨੇਜਰ ਵਿਕਰਮ ਦੱਤ ਨੇ ਕਿਸਾਨ ਕ੍ਰੈਡਿਟ ਕਾਰਡ ਯੋਜਨਾ ਤਹਿਤ ਪਸ਼ੂਆਂ ਤੇ ਕਰਜ਼ ਪ੍ਰਾਪਤ ਕਰਨ ਸਬੰਧੀ ਜਾਣਕਾਰੀ ਦਿੱਤੀ। ਸੀਨੀਅਰ ਵੈਟਨਰੀ

ਅਫ਼ਸਰ ਡਾ. ਵਿਨੋਦ ਕੁਮਾਰ ਨੇ ਪਸ਼ੂ ਪਾਲਣ ਵਿਭਾਗ ਦੀਆਂ ਵੱਖ - ਵੱਖ ਪਸ਼ੂ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ।ਕੈਂਪ ਵਿੱਚ 40 ਤੋਂ ਵੱਧ ਪਸ਼ੂ ਪਾਲਕਾਂ ਨੇ ਹਿੱਸਾ ਲਿਆ।

---------------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼ ਅਤੇ ਦਿੱਲੀ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ ।

---------------------------------------------------------------------------

ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ ਸੰਘਣੀ ਧੁੰਦ ਤੇ ਘੱਟ ਦਿਖਤਾ ਕਾਰਨ, ਬਹੁਤ ਸਾਰੀਆਂ ਰੇਲ ਸੇਵਾਵਾਂ ਪ੍ਰਭਾਵਿਤ ਹੋਈਆਂ ਨੇ । ਰੇਲਵੇ ਵਿਭਾਗ ਮੁਤਾਬਿਕ , ਲਗਭਗ 31 ਰੇਲਗੱਡੀਆਂ ਦੋ ਘੰਟੇ ਤੋਂ ਵੱਧ ਦੇਰੀ ਨਾਲ ਚੱਲ ਰਹੀਆਂ ਨੇ। ਯਾਤਰੀਆਂ ਨੂੰ ਸਟੇਸ਼ਨ 'ਤੇ ਪਹੁੰਚਣ ਤੋਂ ਪਹਿਲਾਂ ਰੇਲਗੱਡੀ ਸਥਿਤੀ ਦੀ ਜਾਣਕਾਰੀ ਦੀ ਜਾਂਚ ਕਰਨ ਦੀ ਸਲਾਹ ਦਿੱਤੀ ਜਾਂਦੀ ਏ।

---------------------------------------------------------------------------

ਸ਼ੂਰਦ ਮਾਰਾਇਨ ਨੂੰ ਭਾਰਤੀ ਮਹਿਲਾ ਹਾਕੀ ਟੀਮ ਦਾ ਕੋਚ ਨਿਯੁਕਤ ਕੀਤਾ ਗਿਆ ਏ। ਹਾਕੀ ਇੰਡੀਆ ਨੇ ਅੱਜ ਇਸਦਾ ਐਲਾਨ ਕੀਤਾ। ਸ਼੍ਰੀ ਮਾਰਾਇਨ ਨੇ 2020 ਟੋਕੀਓ ਓਲੰਪਿਕ ਵਿੱਚ ਭਾਰਤੀ ਮਹਿਲਾ ਟੀਮ ਨੂੰ ਇਤਿਹਾਸਕ ਚੌਥੇ ਸਥਾਨ 'ਤੇ ਪਹੁੰਚਾਇਆ। ਮੁੱਖ ਕੋਚ ਵਜੋਂ ਕੋਚ ਮਾਰਾਇਨ ਦੀ ਪਹਿਲੀ ਵੱਡੀ ਚੁਣੌਤੀ 8-14 ਮਾਰਚ ਤੱਕ ਤੇਲੰਗਾਨਾ

ਵਿੱਚ ਹੋਣ ਵਾਲੇ FIH ਹਾਕੀ ਮਹਿਲਾ ਵਿਸ਼ਵ ਕੱਪ ਕੁਆਲੀਫਾਇਰ ਹੋਣਗੇ। ਉਹ 14 ਜਨਵਰੀ ਨੂੰ ਭਾਰਤ ਪਹੁੰਚਣਗੇ, ਜਦਕਿ ਕਿ ਰਾਸ਼ਟਰੀ ਕੋਚਿੰਗ ਕੈਂਪ 19 ਜਨਵਰੀ ਨੂੰ ਬੰਗਲੁਰੂ ਵਿੱਚ ਭਾਰਤੀ ਖੇਡ ਅਥਾਰਟੀ ਵਿਖੇ ਸ਼ੁਰੂ ਹੋਵੇਗਾ। ਹਾਕੀ ਇੰਡੀਆ ਦੇ ਪ੍ਰਧਾਨ ਦਿਲੀਪ ਟਿਰਕੀ ਨੇ ਨਿਯੁਕਤੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਅਤੇ ਅਥਾਰਟੀ ਦਾ ਧੰਨਵਾਦ ਕੀਤਾ।

---------------------------------------------------------------------------------

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰ ਘ ਚੌਹਾਨ ਨੇ ਕਿਹਾ ਏ ਕਿ ਕਿਸਾਨਾਂ ਦੀ ਆਮਦਨ ਵਧਾਉਣਾ ਕੇਂਦਰ ਸ ਰਕਾਰ ਦੀ ਇੱਕ ਮੁੱਖ ਤਰਜੀਹ ਏ ।
- ਪੰਜਾਬ ਸਰਕਾਰ ਨੇ 10 ਲੱਖ ਰੁਪਏ ਦੀ ਨਕਦੀ ਰਹਿਤ ਸਿਹਤ ਬੀਮਾ ਯੋਜਨਾ ਲਈ, ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਨਾਲ ਸ ਮਝੌਤਾ ਸਹੀਬੱਧ ਕੀਤਾ I
- ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਦੇ ਉਪ-ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਕਿਹਾ -ਪੰਜਾਬ ਸਰਕਾਰ ਪਿਛਲੇ ਤਿੰਨ ਸਾਲਾਂ ਵਿੱਚ ਮੌਜੂਦਾ ਮਨਰੇਗਾ ਕਾਨੂੰਨ ਤਹਿਤ ਮਜ਼ਦੂਰਾਂ ਨੂੰ 100 ਦਿਨ ਦਾ ਰੁਜ਼ਗਾਰ ਦੇਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਏ ।

- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ।

ਅਤੇ

- ਸ਼ੂਰਦ ਮਾਰਾਇਨ ਨੂੰ ਭਾਰਤੀ ਮਹਿਲਾ ਹਾਕੀ ਟੀਮ ਦਾ ਕੋਚ ਨਿਯੁਕਤ ਕੀਤਾ ਗਿਆ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**